ਮਾਰੂ ਮਹਲਾ ੫ ॥ ਸੂਰਤਿ ਦੇਖਿ ਨ ਭੂਲੁ ਗਵਾਰਾ ॥ ਮਿਥਨ ਮੋਹਾਰਾ ਝੂਠੁ ਪਸਾਰਾ ॥ ਜਗ ਮਹਿ ਕੋਈ ਰਹਣੁ ਨ ਪਾਏ ਨਿਹਚਲੁ ਏਕੁ ਨਾਰਾਇਣਾ ॥ ੧॥ ਗੁਰ ਪੂਰੇ ਕੀ ਪਉ ਸਰਣਾਈ ॥ ਮੋਹੁ ਸੋਗੁ ਸਭੁ ਭਰਮੁ ਮਿਟਾਈ ॥ ਏਕੋ ਮੰਤ੍ਰੁ ਦ੍ਰਿੜਾਏ ਅਉਖਧੁ ਸਚੁ ਨਾਮੁ ਰਿਦ ਗਾਇਣਾ ॥੨॥ ਜਿਸੁ ਨਾਮੈ ਕਉ ਤਰਸਹਿ ਬਹੁ ਦੇਵਾ ॥ ਸਗਲ ਭਗਤ ਜਾ ਕੀ ਕਰਦੇ ਸੇਵਾ ॥ ਅਨਾਥਾ ਨਾਥੁ ਦੀਨ ਦੁਖ ਭੰਜਨੁ ਸੋ ਗੁਰ ਪੂਰੇ ਤੇ ਪਾਇਣਾ ॥੩॥ ਹੋਰੁ ਦੁਆਰਾ ਕੋਇ ਨ ਸੁਝੈ ॥ ਤ੍ਰਿਭਵਣ ਧਾਵੈ ਤਾ ਕਿਛੂ ਨ ਬੂਝੈ ॥ ਸਤਿਗੁਰੁ ਸਾਹੁ ਭੰਡਾਰੁ ਨਾਮ ਜਿਸੁ ਇਹੁ ਰਤਨੁ ਤਿਸੈ ਤੇ ਪਾਇਣਾ ॥ ੪॥ ਜਾ ਕੀ ਧੂਰਿ ਕਰੇ ਪੁਨੀਤਾ ॥ ਸੁਰਿ ਨਰ ਦੇਵ ਨ ਪਾਵਹਿ ਮੀਤਾ ॥ ਸਤਿ ਪੁਰਖੁ ਸਤਿਗੁਰੁ ਪਰਮੇਸਰੁ ਜਿਸੁ ਭੇਟਤ ਪਾਰਿ ਪਰਾਇਣਾ ॥੫॥
{ਪੰਨਾ 1077-1078}

ਪਦਅਰਥ:- ਸੂਰਤਿ—ਸ਼ਕਲ। ਦੇਖਿ—ਵੇਖ ਕੇ। ਗਵਾਰਾ—ਹੇ ਮੂਰਖ! ਮਿਥਨ—ਝੂਠਾ। ਮੋਹਾਰਾ—ਮੋਹ ਦਾ। ਪਸਾਰਾ—ਖਿਲਾਰਾ। ਨਿਹਚਲੁ—ਸਦਾ ਕਾਇਮ ਰਹਿਣ ਵਾਲਾ।1।

ਸਭੁ ਭਰਮੁ—ਹਰੇਕ ਕਿਸਮ ਦਾ ਭਰਮ। ਮਿਟਾਈ—(ਗੁਰੂ) ਮਿਟਾਂਦਾ ਹੈ। ਮੰਤ੍ਰੁ—ਉਪਦੇਸ਼। ਦ੍ਰਿੜਾਏ—ਹਿਰਦੇ ਵਿਚ ਪੱਕਾ ਕਰਦਾ ਹੈ। ਅਉਖਧੁ—ਦਵਾਈ, ਦਾਰੂ। ਸਚੁ—ਸਦਾ-ਥਿਰ। ਰਿਦ—ਹਿਰਦੇ ਵਿਚ।2।

ਜਿਸੁ ਨਾਮੈ ਕਉ—ਜਿਸ ਦੇ ਨਾਮ ਨੂੰ। ਜਾ ਕੀ—ਜਿਸ (ਪ੍ਰਭੂ) ਦੀ। ਦੀਨ ਦੁਖ ਭੰਜਨੁ—ਗ਼ਰੀਬਾਂ ਦੇ ਦੁੱਖ ਨਾਸ ਕਰਨ ਵਾਲਾ।3।

ਦੁਆਰਾ—ਦਰਵਾਜ਼ਾ, ਦਰ। ਤ੍ਰਿਭਵਣ—ਤਿੰਨਾਂ ਭਵਨਾਂ ਵਿਚ। ਧਾਵੈ—(ਜੇ) ਦੌੜਦਾ ਫਿਰੇ। ਭੰਡਾਰੁ—ਖ਼ਜ਼ਾਨਾ। ਤਿਸੈ ਤੇ—ਉਸ (ਗੁਰੂ) ਪਾਸੋਂ ਹੀ।4।

ਪੁਨੀਤਾ—ਪਵਿੱਤਰ। ਸੁਰ—ਸੁਰਗ ਦੇ ਰਹਿਣ ਵਾਲੇ। ਨਰ—ਮਨੁੱਖ। ਮੀਤਾ—ਹੇ ਮਿੱਤਰ।5।

ਅਰਥ:- ਹੇ ਮੂਰਖ! (ਜਗਤ ਦੇ ਪਦਾਰਥਾਂ ਦੀ) ਸ਼ਕਲ ਵੇਖ ਕੇ ਗ਼ਲਤੀ ਨਾਹ ਖਾਹ। ਇਹ ਸਾਰਾ ਝੂਠੇ ਮੋਹ ਦਾ ਝੂਠਾ ਖਿਲਾਰਾ ਹੈ। ਜਗਤ ਵਿਚ ਕੋਈ ਭੀ ਸਦਾ ਲਈ ਟਿਕਿਆ ਨਹੀਂ ਰਹਿ ਸਕਦਾ, ਸਿਰਫ਼ ਇਕ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ।1।

ਹੇ ਭਾਈ! ਪੂਰੇ ਗੁਰੂ ਦੀ ਸਰਨ ਪਿਆ ਰਹੁ। ਗੁਰੂ (ਸਰਨ ਪਏ ਮਨੁੱਖ ਦਾ) ਮੋਹ ਸੋਗ ਤੇ ਸਾਰਾ ਭਰਮ ਮਿਟਾ ਦੇਂਦਾ ਹੈ। ਗੁਰੂ ਇਕੋ ਉਪਦੇਸ਼ ਹਿਰਦੇ ਵਿਚ ਕਰਦਾ ਹੈ ਇਕੋ ਦਵਾਈ ਦੇਂਦਾ ਹੈ ਕਿ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ ਸਿਮਰਨਾ ਚਾਹੀਦਾ ਹੈ।2।

ਹੇ ਭਾਈ! ਜਿਸ ਪਰਮਾਤਮਾ ਦੇ ਨਾਮ ਨੂੰ ਅਨੇਕਾਂ ਦੇਵਤੇ ਤਰਸਦੇ ਹਨ, ਸਾਰੇ ਹੀ ਭਗਤ ਜਿਸ ਪ੍ਰਭੂ ਦੀ ਸੇਵਾ-ਭਗਤੀ ਕਰਦੇ ਹਨ, ਜਿਹੜਾ ਪਰਮਾਤਮਾ ਨਿਖਸਮਿਆਂ ਦਾ ਖਸਮ ਹੈ, ਜਿਹੜਾ ਪਰਮਾਤਮਾ ਗ਼ਰੀਬਾਂ ਦੇ ਦੁੱਖ ਨਾਸ ਕਰਨ ਵਾਲਾ ਹੈ, ਉਹ ਪਰਮਾਤਮਾ ਪੂਰੇ ਗੁਰੂ ਪਾਸੋਂ ਮਿਲਦਾ ਹੈ।3।

ਹੇ ਭਾਈ! ਹੋਰ ਕੋਈ ਦਰ (ਐਸਾ) ਨਹੀਂ ਸੁੱਝਦਾ (ਜਿਥੋਂ ਨਾਮ-ਰਤਨ ਮਿਲ ਸਕੇ)। ਜੇ ਮਨੁੱਖ ਤਿੰਨਾਂ ਭਵਨਾਂ ਵਿਚ ਦੌੜ-ਭੱਜ ਕਰਦਾ ਫਿਰੇ ਤਾਂ ਭੀ ਉਸ ਨੂੰ ਨਾਮ-ਰਤਨ ਦੀ ਕੋਈ ਸਮਝ ਨਹੀਂ ਪੈ ਸਕਦੀ। ਇਕ ਗੁਰੂ ਹੀ ਐਸਾ ਸ਼ਾਹ ਹੈ ਜਿਸ ਦੇ ਪਾਸ ਨਾਮ ਦਾ ਖ਼ਜ਼ਾਨਾ ਹੈ। ਉਸ ਗੁਰੂ ਪਾਸੋਂ ਨਾਮ-ਰਤਨ ਮਿਲ ਸਕਦਾ ਹੈ।4।

ਹੇ ਭਾਈ! ਜਿਸ (ਪ੍ਰਭੂ) ਦੀ ਚਰਨ-ਧੂੜ ਪਵਿੱਤਰ ਕਰ ਦੇਂਦੀ ਹੈ, ਹੇ ਮਿੱਤਰ! ਉਸ ਨੂੰ ਦੇਵਤੇ ਮਨੁੱਖ ਪ੍ਰਾਪਤ ਨਹੀਂ ਕਰ ਸਕਦੇ। ਸਿਰਫ਼ ਹਰੀ-ਰੂਪ ਗੁਰੂ ਪੁਰਖ ਹੀ ਹੈ ਜਿਸ ਨੂੰ ਮਿਲਿਆਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕੀਦਾ ਹੈ।5।

ਪਾਰਜਾਤੁ ਲੋੜਹਿ ਮਨ ਪਿਆਰੇ ॥ ਕਾਮਧੇਨੁ ਸੋਹੀ ਦਰਬਾਰੇ ॥ ਤ੍ਰਿਪਤਿ ਸੰਤੋਖੁ ਸੇਵਾ ਗੁਰ ਪੂਰੇ ਨਾਮੁ ਕਮਾਇ ਰਸਾਇਣਾ ॥੬॥ ਗੁਰ ਕੈ ਸਬਦਿ ਮਰਹਿ ਪੰਚ ਧਾਤੂ ॥ ਭੈ ਪਾਰਬ੍ਰਹਮ ਹੋਵਹਿ ਨਿਰਮਲਾ ਤੂ ॥ ਪਾਰਸੁ ਜਬ ਭੇਟੈ ਗੁਰੁ ਪੂਰਾ ਤਾ ਪਾਰਸੁ ਪਰਸਿ ਦਿਖਾਇਣਾ ॥੭॥ ਕਈ ਬੈਕੁੰਠ ਨਾਹੀ ਲਵੈ ਲਾਗੇ ॥ ਮੁਕਤਿ ਬਪੁੜੀ ਭੀ ਗਿਆਨੀ ਤਿਆਗੇ ॥ ਏਕੰਕਾਰੁ ਸਤਿਗੁਰ ਤੇ ਪਾਈਐ ਹਉ ਬਲਿ ਬਲਿ ਗੁਰ ਦਰਸਾਇਣਾ ॥੮॥ ਗੁਰ ਕੀ ਸੇਵ ਨ ਜਾਣੈ ਕੋਈ ॥ ਗੁਰੁ ਪਾਰਬ੍ਰਹਮੁ ਅਗੋਚਰੁ ਸੋਈ ॥ ਜਿਸ ਨੋ ਲਾਇ ਲਏ ਸੋ ਸੇਵਕੁ ਜਿਸੁ ਵਡਭਾਗ ਮਥਾਇਣਾ ॥ ੯॥ ਗੁਰ ਕੀ ਮਹਿਮਾ ਬੇਦ ਨ ਜਾਣਹਿ ॥ ਤੁਛ ਮਾਤ ਸੁਣਿ ਸੁਣਿ ਵਖਾਣਹਿ ॥ ਪਾਰਬ੍ਰਹਮ ਅਪਰੰਪਰ ਸਤਿਗੁਰ ਜਿਸੁ ਸਿਮਰਤ ਮਨੁ ਸੀਤਲਾਇਣਾ ॥੧੦॥ {ਪੰਨਾ 1078}

ਪਦਅਰਥ:- ਪਾਰਜਾਤੁ—ਮਨੋਕਾਮਨਾ ਪੂਰੀ ਕਰਨ ਵਾਲਾ ਰੁੱਖ {ਹਿੰਦੂ ਧਰਮ-ਪੁਸਤਕਾਂ ਅਨੁਸਾਰ ਸੁਰਗ ਵਿਚ ਪੰਜ ਅਜਿਹੇ ਰੁੱਖ ਮੰਨੇ ਗਏ ਹਨ}। ਮਨ—ਹੇ ਮਨ! ਲੋੜਹਿ—(ਜੇ ਤੂੰ ਹਾਸਲ ਕਰਨਾ) ਚਾਹੁੰਦਾ ਹੈਂ। ਕਾਮਧੇਨੁ—{ਧੇਨੁ—ਗਾਂ} ਮਨ ਦੀ ਕਾਮਨਾ ਪੂਰੀ ਕਰਨ ਵਾਲੀ ਗਾਂ {ਇਹ ਭੀ ਸੁਰਗ ਵਿਚ ਹੀ ਰਹਿੰਦੀ ਮੰਨੀ ਗਈ ਹੈ}। ਸੋਹੀ—ਸੋਭਾ ਦੇਵੇ। ਦਰਬਾਰੇ—(ਤੇਰੇ) ਦਰ ਤੇ। ਤ੍ਰਿਪਤਿ—ਰਜੇਵਾਂ। ਰਸਾਇਣਾ—{ਰਸ-ਅਯਨ—ਰਸਾਂ ਦਾ ਘਰ} ਸਭ ਰਸਾਂ ਦਾ ਸੋਮਾ।6।

ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਮਰਹਿ—ਮਰ ਜਾਂਦੇ ਹਨ। ਪੰਚ ਧਾਤੂ—(ਕਾਮਾਦਿਕ) ਪੰਜ ਵਿਸ਼ੇ। ਭੈ ਪਾਰਬ੍ਰਹਮ—ਪਰਮਾਤਮਾ ਦੇ ਡਰ-ਅਦਬ ਵਿਚ (ਰਹਿ ਕੇ)। ਹੋਵਹਿ ਤੂ—ਤੂੰ ਹੋ ਜਾਇੰਗਾ। ਨਿਰਮਲ—ਪਵਿੱਤਰ ਜੀਵਨ ਵਾਲਾ। ਪਾਰਸੁ—ਹੋਰ ਧਾਤਾਂ ਨੂੰ ਸੋਨਾ ਬਣਾ ਦੇਣ ਵਾਲੀ ਪੱਥਰੀ। ਭੇਟੈ—ਮਿਲਦਾ ਹੈ। ਪਰਸਿ—ਛੁਹ ਕੇ। ਦਿਖਾਇਣਾ—(ਪਰਮਾਤਮਾ) ਦਿੱਸ ਪੈਂਦਾ ਹੈ।7।

ਲਵੈ ਲਾਗੇ—ਬਰਾਬਰੀ ਕਰ ਸਕਦੇ। ਬਪੁੜੀ—ਨਿਮਾਣੀ, ਵਿਚਾਰੀ। ਗਿਆਨੀ—ਪਰਮਾਤਮਾ ਨਾਲ ਡੂੰਘੀ ਸਾਂਝ ਰੱਖਣ ਵਾਲਾ। ਤੇ—ਤੋਂ, ਦੀ ਰਾਹੀਂ। ਹਉ—ਮੈਂ। ਬਲਿ ਬਲਿ—ਸਦਾ ਸਦਕੇ।8।

ਅਗੋਚਰੁ—{ਅ-ਗੋ-ਚਰੁ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ}। ਮਥਾਇਣਾ—ਮੱਥੇ ਉੱਤੇ।9।

ਮਹਿਮਾ—ਵਡਿਆਈ, ਉੱਚ-ਆਤਮਕਤਾ। ਨ ਜਾਣਹਿ—ਨਹੀਂ ਜਾਣਦੇ {ਬਹੁ-ਵਚਨ}। ਤੁਛ ਮਾਤ—ਤੁੱਛ ਮਾਤ੍ਰ, ਬਹੁਤ ਹੀ ਥੋੜਾ। ਸੁਣਿ—ਸੁਣ ਕੇ। ਅਪਰੰਪਰ—ਪਰੇ ਤੋਂ ਪਰੇ।10।

ਅਰਥ:- ਹੇ ਪਿਆਰੇ ਮਨ! ਜੇ ਤੂੰ (ਸੁਰਗ ਦਾ) ਪਾਰਜਾਤ (ਰੁੱਖ) ਹਾਸਲ ਕਰਨਾ ਚਾਹੁੰਦਾ ਹੈਂ, ਜੇ ਤੂੰ ਚਾਹੁੰਦਾ ਹੈਂ ਕਿ ਕਾਮਧੇਨ ਤੇਰੇ ਬੂਹੇ ਉਤੇ ਸੋਭ ਰਹੀ ਹੋਵੇ, ਤਾਂ ਪੂਰੇ ਗੁਰੂ ਦੀ ਸਰਨ ਪਿਆ ਰਹੁ, ਗੁਰੂ ਪਾਸੋਂ ਪੂਰਨ ਸੰਤੋਖ ਪ੍ਰਾਪਤ ਕਰ, (ਗੁਰੂ ਦੇ ਰਾਹੇ ਤੁਰ ਕੇ) ਨਾਮ-ਸਿਮਰਨ ਦੀ ਕਮਾਈ ਕਰ, ਹਰਿ-ਨਾਮ ਹੀ ਸਾਰੇ ਰਸਾਂ ਦਾ ਸੋਮਾ ਹੈ।6।

ਹੇ ਪਿਆਰੇ ਮਨ! ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਕਾਮਾਦਿਕ ਪੰਜੇ ਵਿਸ਼ੇ ਮਰ ਜਾਂਦੇ ਹਨ, (ਗੁਰੂ ਦੇ ਸ਼ਬਦ ਦੀ ਰਾਹੀਂ) ਪਰਮਾਤਮਾ ਦੇ ਡਰ-ਅਦਬ ਵਿਚ ਰਹਿ ਕੇ ਤੂੰ ਪਵਿੱਤਰ ਹੋ ਜਾਇੰਗਾ। (ਹੇ ਮਨ! ਗੁਰੂ ਹੀ) ਪਾਰਸ ਹੈ। ਜਦੋਂ ਪੂਰਾ ਗੁਰੂ-ਪਾਰਸ ਮਿਲ ਪੈਂਦਾ ਹੈ, ਤਾਂ ਉਸ ਪਾਰਸ ਨੂੰ ਛੁਹਿਆਂ (ਪਰਮਾਤਮਾ ਹਰ ਥਾਂ) ਦਿੱਸ ਪੈਂਦਾ ਹੈ।7।

ਹੇ ਭਾਈ! ਅਨੇਕਾਂ ਬੈਕੁੰਠ (ਗੁਰੂ ਦੇ ਦਰਸਨ ਦੀ) ਬਰਾਬਰੀ ਨਹੀਂ ਕਰ ਸਕਦੇ। ਜਿਹੜਾ ਮਨੁੱਖ (ਗੁਰੂ ਦੀ ਰਾਹੀਂ) ਪਰਮਾਤਮਾ ਨਾਲ ਸਾਂਝ ਪਾਂਦਾ ਹੈ, ਉਹ ਮੁਕਤੀ ਨੂੰ ਭੀ ਇਕ ਨਿਮਾਣੀ ਜਿਹੀ ਚੀਜ਼ ਸਮਝ ਕੇ (ਇਸ ਦੀ ਲਾਲਸਾ) ਛਡ ਦੇਂਦਾ ਹੈ। ਹੇ ਭਾਈ! ਗੁਰੂ ਦੀ ਰਾਹੀਂ ਹੀ ਪਰਮਾਤਮਾ ਨਾਲ ਮਿਲਾਪ ਹੁੰਦਾ ਹੈ। ਮੈਂ ਤਾਂ ਗੁਰੂ ਦੇ ਦਰਸਨ ਤੋਂ ਸਦਾ ਸਦਕੇ ਹਾਂ ਸਦਾ ਸਦਕੇ ਹਾਂ।8।

ਹੇ ਭਾਈ! ਗੁਰੂ ਦੀ ਸਰਨ (ਪੈਣ ਦਾ ਕੀਹ ਮਹਾਤਮ ਹੈ?—ਇਹ ਭੇਤ ਨਿਰੇ ਦਿਮਾਗੀ ਤੌਰ ਤੇ) ਕੋਈ ਮਨੁੱਖ ਸਮਝ ਨਹੀਂ ਸਕਦਾ (ਸਰਨ ਪਿਆਂ ਹੀ ਸਮਝ ਪੈਂਦੀ ਹੈ)। ਗੁਰੂ (ਆਤਮਕ ਜੀਵਨ ਵਿਚ) ਉਹੀ ਪਰਮਾਤਮਾ ਹੈ ਜੋ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ। ਜਿਸ ਮਨੁੱਖ ਦੇ ਮੱਥੇ ਦੇ ਭਾਗ ਜਾਗ ਪੈਣ, ਜਿਸ ਨੂੰ (ਪਰਮਾਤਮਾ ਆਪ ਗੁਰੂ ਦੀ ਚਰਨੀਂ) ਲਾਂਦਾ ਹੈ ਉਹ ਗੁਰੂ ਦਾ ਸੇਵਕ ਬਣਦਾ ਹੈ।9।

ਹੇ ਭਾਈ! ਗੁਰੂ ਦੀ ਉੱਚ-ਆਤਮਕਤਾ ਵੇਦ (ਭੀ) ਨਹੀਂ ਜਾਣਦੇ, ਉਹ (ਹੋਰਨਾਂ ਪਾਸੋਂ) ਸੁਣ ਸੁਣ ਕੇ ਰਤਾ-ਮਾਤ੍ਰ ਹੀ ਬਿਆਨ ਕਰ ਸਕੇ ਹਨ। ਹੇ ਭਾਈ! ਗੁਰੂ (ਉੱਚ-ਆਤਮਕਤਾ ਵਿਚ) ਉਹ ਪਰਮਾਤਮਾ ਹੀ ਹੈ ਜੋ ਪਰੇ ਤੋਂ ਪਰੇ ਹੈ ਅਤੇ ਜਿਸ ਦਾ ਨਾਮ ਸਿਮਰਦਿਆਂ ਮਨ ਸੀਤਲ ਹੋ ਜਾਂਦਾ ਹੈ।10।

**ਜਾ ਕੀ ਸੋਇ ਸੁਣੀ ਮਨੁ ਜੀਵੈ ॥ ਰਿਦੈ ਵਸੈ ਤਾ ਠੰਢਾ ਥੀਵੈ ॥ ਗੁਰੁ ਮੁਖਹੁ ਅਲਾਏ ਤਾ ਸੋਭਾ ਪਾਏ ਤਿਸੁ ਜਮ ਕੈ ਪੰਥਿ ਨ ਪਾਇਣਾ ॥ ੧੧॥ ਸੰਤਨ ਕੀ ਸਰਣਾਈ ਪੜਿਆ ॥ ਜੀਉ ਪ੍ਰਾਣ ਧਨੁ ਆਗੈ ਧਰਿਆ ॥ ਸੇਵਾ ਸੁਰਤਿ ਨ ਜਾਣਾ ਕਾਈ ਤੁਮ ਕਰਹੁ ਦਇਆ ਕਿਰਮਾਇਣਾ ॥੧੨॥ ਨਿਰਗੁਣ ਕਉ ਸੰਗਿ ਲੇਹੁ ਰਲਾਏ ॥ ਕਰਿ ਕਿਰਪਾ ਮੋਹਿ ਟਹਲੈ ਲਾਏ ॥ ਪਖਾ ਫੇਰਉ ਪੀਸਉ ਸੰਤ ਆਗੈ ਚਰਣ ਧੋਇ ਸੁਖੁ ਪਾਇਣਾ ॥ ੧੩॥ ਬਹੁਤੁ ਦੁਆਰੇ ਭ੍ਰਮਿ ਭ੍ਰਮਿ ਆਇਆ ॥ ਤੁਮਰੀ ਕ੍ਰਿਪਾ ਤੇ ਤੁਮ ਸਰਣਾਇਆ ॥ ਸਦਾ ਸਦਾ ਸੰਤਹ ਸੰਗਿ ਰਾਖਹੁ ਏਹੁ ਨਾਮ ਦਾਨੁ ਦੇਵਾਇਣਾ ॥ ੧੪॥ ਭਏ ਕ੍ਰਿਪਾਲ ਗੁਸਾਈ ਮੇਰੇ ॥ ਦਰਸਨੁ ਪਾਇਆ ਸਤਿਗੁਰ ਪੂਰੇ ॥ ਸੂਖ ਸਹਜ ਸਦਾ ਆਨੰਦਾ ਨਾਨਕ ਦਾਸ ਦਸਾਇਣਾ ॥੧੫॥੨॥੭॥** {ਪੰਨਾ 1078}

ਪਦਅਰਥ:- ਜਾ ਕੀ—ਜਿਸ (ਗੁਰੂ) ਦੀ। ਸੋਇ—ਸੋਭਾ। ਸੁਣੀ—ਸੁਣਿ, ਸੁਣ ਕੇ। ਜੀਵੈ—ਆਤਮਕ ਜੀਵਨ ਹਾਸਲ ਕਰ ਲੈਂਦਾ ਹੈ। ਰਿਦੈ—ਹਿਰਦੇ ਵਿਚ। ਥੀਵੈ—ਹੋ ਜਾਂਦਾ ਹੈ। ਗੁਰਮੁਖਹੁ—ਗੁਰੂ ਦੇ ਮੂੰਹੋਂ, ਗੁਰੂ ਦੇ ਰਾਹ ਤੇ ਤੁਰ ਕੇ। ਅਲਾਏ—(ਨਾਮ) ਉਚਾਰੇ। ਤਿਸੁ—ਉਸ (ਮਨੁੱਖ) ਨੂੰ। ਜਮ ਕੈ ਪੰਥਿ—ਜਮਰਾਜ ਦੇ ਰਾਹ ਉਤੇ। ਨ ਪਾਇਣਾ—ਨਹੀਂ ਪਾਂਦਾ।11।

ਪੜਿਆ—(ਮੈਂ ਭੀ) ਪਿਆ ਹਾਂ। ਜੀਉ—ਜਿੰਦ। ਆਗੈ—ਗੁਰੂ ਦੇ ਅੱਗੇ। ਸੁਰਤਿ—ਸੂਝ। ਜਾਣਾ—ਜਾਣਾਂ, ਮੈਂ ਜਾਣਦਾਂ। ਕਾਈ—{ਇਸਤ੍ਰੀ-ਲਿੰਗ ਹੈ। ਪੁਲਿੰਗ ਹੈ 'ਕੋਈ'}। ਕਿਰਮਾਇਣਾ—ਕਿਰਮ ਉੱਤੇ, ਕੀੜੇ ਉਤੇ।12।

ਨਿਰਗੁਣ—ਗੁਣ-ਹੀਨ। ਕਉ—ਨੂੰ। ਸੰਗਿ—ਗੁਰੂ ਦੀ ਸੰਗਤਿ ਵਿਚ। ਮੋਹਿ—ਮੈਨੂੰ। ਟਹਲੈ—ਗੁਰੂ ਦੀ ਟਹਲ ਵਿਚ। ਫੇਰਉ—ਫੇਰਉਂ, ਮੈਂ ਫੇਰਾਂ। ਪੀਸਉ—ਪੀਸਉਂ, ਮੈਂ ਪੀਹਾਂ। ਸੰਤ—ਗੁਰੂ। ਧੋਇ—ਧੋ ਕੇ।13।

ਭ੍ਰਮਿ—ਭਟਕ ਕੇ। ਤੇ—ਤੋਂ, ਨਾਲ। ਤੁਮ ਸਰਣਾਇਆ—ਤੇਰੀ ਸਰਨ। ਸੰਗਿ—ਨਾਲ।14।

ਗੁਸਾਈ—ਮਾਲਕ। ਸਹਜ—ਆਤਮਕ ਅਡੋਲਤਾ। ਨਾਨਕ—ਹੇ ਨਾਨਕ! ਦਾਸ ਦਸਾਇਣਾ—ਦਾਸਾਂ ਦਾ ਦਾਸ।15।

ਅਰਥ:- ਹੇ ਭਾਈ! ਜਿਸ (ਗੁਰੂ) ਦੀ ਸੋਭਾ ਸੁਣ ਕੇ ਮਨ ਆਤਮਕ ਜੀਵਨ ਪ੍ਰਾਪਤ ਕਰਦਾ ਹੈ, ਜੇ ਗੁਰੂ (ਮਨੁੱਖ ਦੇ) ਹਿਰਦੇ ਵਿਚ ਆ ਵੱਸੇ, ਤਾਂ ਹਿਰਦਾ ਸ਼ਾਂਤ ਹੋ ਜਾਂਦਾ ਹੈ। ਜੇ ਮਨੁੱਖ ਗੁਰੂ ਦੇ ਰਸਤੇ ਉੱਤੇ ਤੁਰ ਕੇ ਹਰਿ-ਨਾਮ ਸਿਮਰੇ, ਤਾਂ ਮਨੁੱਖ (ਲੋਕ ਪਰਲੋਕ ਵਿਚ) ਸੋਭਾ ਖੱਟਦਾ ਹੈ, ਗੁਰੂ ਉਸ ਮਨੁੱਖ ਨੂੰ ਜਮਰਾਜ ਦੇ ਰਸਤੇ ਨਹੀਂ ਪੈਣ ਦੇਂਦਾ।11।

ਹੇ ਪ੍ਰਭੂ! ਮੈਂ ਭੀ ਤੇਰੇ ਸੰਤ ਜਨਾਂ ਦੀ ਸਰਨ ਆ ਪਿਆ ਹਾਂ, ਮੈਂ ਆਪਣੀ ਜਿੰਦ ਆਪਣੇ ਪ੍ਰਾਣ ਆਪਣਾ ਧਨ ਸੰਤ ਜਨਾਂ ਦੇ ਅੱਗੇ ਲਿਆ ਰੱਖਿਆ ਹੈ। ਮੈਂ ਸੇਵਾ-ਭਗਤੀ ਕਰਨ ਦੀ ਕੋਈ ਸੂਝ ਨਹੀਂ ਜਾਣਦਾ। ਮੈਂ ਨਿਮਾਣੇ ਉੱਤੇ ਤੂੰ ਆਪ ਹੀ ਕਿਰਪਾ ਕਰ।12।

ਹੇ ਪ੍ਰਭੂ! ਮੈਨੂੰ ਗੁਣ-ਹੀਣ ਨੂੰ ਗੁਰੂ ਦੀ ਸੰਗਤਿ ਵਿਚ ਰਲਾਈ ਰੱਖ। ਮੈਨੂੰ ਗੁਰੂ ਦੀ ਸੇਵਾ-ਟਹਲ ਵਿਚ ਜੋੜੀ ਰੱਖ। ਮੈਂ ਗੁਰੂ ਦੇ ਦਰ ਤੇ ਪੱਖਾ ਝੱਲਦਾ ਰਹਾਂ, (ਚੱਕੀ) ਪੀਂਹਦਾ ਰਹਾਂ, ਤੇ ਗੁਰੂ ਦੇ ਚਰਨ ਧੋ ਕੇ ਆਨੰਦ ਮਾਣਦਾ ਰਹਾਂ।13।

ਹੇ ਪ੍ਰਭੂ! ਮੈਂ ਦਰਵਾਜ਼ਿਆਂ ਤੇ ਭਟਕ ਭਟਕ ਕੇ ਆਇਆ ਹਾਂ। ਤੇਰੀ ਹੀ ਕਿਰਪਾ ਨਾਲ (ਹੁਣ) ਤੇਰੀ ਸਰਨ ਆਇਆ ਹਾਂ। ਮੈਨੂੰ ਸਦਾ ਹੀ ਆਪਣੇ ਸੰਤ ਜਨਾਂ ਦੀ ਸੰਗਤਿ ਵਿਚ ਰੱਖ, ਅਤੇ ਉਹਨਾਂ ਪਾਸੋਂ ਆਪਣੇ ਨਾਮ ਦਾ ਖ਼ੈਰ ਪਵਾ।14।

ਹੇ ਨਾਨਕ! (ਆਖ—ਹੇ ਭਾਈ!) ਜਦੋਂ (ਹੁਣ) ਮੇਰਾ ਮਾਲਕ-ਪ੍ਰਭੂ ਦਇਆਵਾਨ ਹੋਇਆ, ਤਾਂ ਮੈਨੂੰ ਪੂਰੇ ਗੁਰੂ ਦਾ ਦਰਸਨ ਹੋਇਆ। ਹੁਣ ਮੇਰੇ ਅੰਦਰ ਸਦਾ ਆਤਮਕ ਅਡੋਲਤਾ ਤੇ ਸੁਖ-ਆਨੰਦ ਬਣੇ ਰਹਿੰਦੇ ਹਨ। ਮੈਂ ਉਸ ਦੇ ਦਾਸਾਂ ਦਾ ਦਾਸ ਬਣਿਆ ਰਹਿੰਦਾ ਹਾਂ।15।2।7।